# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 19-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਿਰੋਧੀ ਧਿਰ ਸਮੇਤ ਸਾਰੀਆਂ ਰਾਜਨੀਤਿਕ ਪਾਰਟੀਆਂ ਨੂੰ, NDA ਦੇ ਉਪ ਰਾਸ਼ਟਰਪਤੀ ਅਹੁਦੇ ਦੇ ਉਮੀਦਵਾਰ, ਸੀ. ਪੀ. ਰਾਧਾਕ੍ਰਿਸ਼ਨਨ ਨੂੰ ਸਰਬਸੰਮਤੀ ਨਾਲ ਚੁਣਨ ਦੀ ਅਪੀਲ ਕੀਤੀ ਏ। ਅੱਜ ਨਵੀਂ ਦਿੱਲੀ ਵਿੱਚ, NDA ਸੰਸਦੀ ਦਲ ਦੀ ਮੀਟਿੰਗ ਦੌਰਾਨ ਸ਼੍ਰੀ ਮੋਦੀ ਨੇ, ਸ਼੍ਰੀ ਰਾਧਾਕ੍ਰਿਸ਼ਨਨ ਨੂੰ NDA ਸੰਸਦ ਮੈਂਬਰਾਂ ਨਾਲ ਮਿਲਾਇਆ। ਉਨ੍ਹਾਂ ਨੇ ਸ਼੍ਰੀ ਰਾਧਾਕ੍ਰਿਸ਼ਨਨ ਦੇ ਲੰਮੇ ਜਨਤਕ ਜੀਵਨ ਬਾਰੇ ਗੱਲ ਕੀਤੀ। ਸ਼੍ਰੀ ਮੋਦੀ ਨੇ ਕਿਹਾ ਕਿ, ਸ਼੍ਰੀ ਰਾਧਾਕ੍ਰਿਸ਼ਨਨ ਨੇ ਸੰਸਦ ਮੈਂਬਰ ਅਤੇ ਰਾਜਪਾਲ ਵਜੋਂ ਵੱਖ-ਵੱਖ ਅਹੁਦਿਆਂ 'ਤੇ ਕੁਸ਼ਲਤਾ ਨਾਲ ਸੇਵਾ ਨਿਭਾਈ ਏ। ਉਧਰ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ ਕਿ ਸ਼੍ਰੀ ਰਾਧਾਕ੍ਰਿਸ਼ਨਨ ਨੇ ਬਿਨਾਂ ਕਿਸੇ ਵਿਵਾਦ ਦੇ

ਸਾਦਾ ਜੀਵਨ ਬਤੀਤ ਕੀਤਾ ਏ ਅਤੇ ਉਪ ਰਾਸ਼ਟਰਪਤੀ ਵਜੋਂ ਉਨ੍ਹਾਂ ਦੀ ਚੋਣ, ਦੇਸ਼ ਲਈ ਖੁਸ਼ੀ ਦੀ ਗੱਲ ਹੋਵੇਗੀ।

---------------------------------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਐਲਾਨ ਕੀਤਾ ਏ ਕਿ, ਵਿਕਸਿਤ ਖੇਤੀ ਸੰਕਲਪ ਮੁਹਿੰਮ ਇਸ ਸਾਲ 3 ਅਕਤੂਬਰ ਨੂੰ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼, ਕਿਸਾਨਾਂ ਅਤੇ ਖੇਤੀਬਾੜੀ ਵਿਗਿਆਨੀਆਂ ਵਿਚਕਾਰ ਸਿੱਧੇ ਸੰਚਾਰ ਨੂੰ ਉਤਸ਼ਾਹਿਤ ਕਰਨਾ ਏ ਅਤੇ ਇਹ ਮੁਹਿੰਮ 18 ਅਕਤੂਬਰ ਤੱਕ ਚੱਲੇਗੀ। ਲੋਕ ਸਭਾ ਵਿੱਚ ਪ੍ਰਸ਼ਨ ਕਾਲ ਦੌਰਾਨ, ਜ਼ਿਮਨੀ ਸਵਾਲਾਂ ਦੇ ਜਵਾਬ ਦਿੰਦਿਆਂ, ਸ਼੍ਰੀ ਚੌਹਾਨ ਨੇ ਕਿਹਾ ਕਿ ਇਸ ਮੁਹਿੰਮ ਦੌਰਾਨ, ਹਜ਼ਾਰਾਂ ਵਿਗਿਆਨੀ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀ, ਪਿੰਡਾਂ ਦਾ ਦੌਰਾ ਕਰਨਗੇ ਅਤੇ ਕਿਸਾਨਾਂ ਨਾਲ ਗੱਲਬਾਤ ਕਰਨਗੇ ਤਾਂ ਜੋ ਉਨ੍ਹਾਂ ਨੂੰ ਅਨਾਜ ਉਤਪਾਦਨ ਵਧਾਉਣ ਲਈ, ਨਵੀਆਂ ਤਕਨੀਕਾਂ ਬਾਰੇ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰ, ਵਿਗਿਆਨਕ

ਖੇਤੀਬਾੜੀ ਅਭਿਆਸਾਂ ਨੂੰ ਅਪਣਾਉਣ ਅਤੇ ਨਿਰੰਤਰ ਖੇਤੀਬਾੜੀ ਵਿਕਾਸ ਨੂੰ ਉਤਸ਼ਾਹਿਤ ਕਰਨ 'ਤੇ ਧਿਆਨ ਕੇਂਦਰਿਤ ਕਰ ਰਹੀ ਏ।

---------------------------------------------------------------------------

ਭਾਰਤ ਦੇ ਸੰਵਿਧਾਨ ਵੱਲੋਂ ਪ੍ਰਦਾਨ ਕੀਤੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਅਤੇ ਚੀਫ਼ ਜਸਟਿਸ ਨਾਲ ਸਲਾਹ-ਮਸ਼ਵਰਾ ਕਰਨ ਤੋਂ ਬਾਅਦ, ਰਾਸ਼ਟਰਪਤੀ ਵੱਲੋਂ ਨਿਆਂਇਕ ਅਧਿਕਾਰੀ ਸ੍ਰੀਮਤੀ ਰਮੇਸ਼ ਕੁਮਾਰੀ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਐਡੀਸ਼ਨਲ ਜੱਜ ਨਿਯੁਕਤ ਕੀਤਾ ਗਿਆ ਏ।

---------------------------------------------------------------------------

ਪੰਜਾਬ ਸਰਕਾਰ ਨੇ ਸੂਬਾਈ ਕੈਬਨਿਟ ਵਿਚ ਅੰਸ਼ਕ ਫੇਰਬਦਲ ਕਰਦਿਆਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਤੋਂ ਬਿਜਲੀ ਵਿਭਾਗ ਵਾਪਿਸ ਲੈ ਲਿਆ ਏ। ਹੁਣ ਉਨ੍ਹਾਂ ਕੋਲ ਸਿਰਫ ਲੋਕ ਨਿਰਮਾਣ ਵਿਭਾਗ ਏ। ਬਿਜਲੀ ਵਿਭਾਗ ਸੂਬੇ ਦੇ ਉਦਯੋਗ ਤੇ ਵਣਜ ਮੰਤਰੀ ਸੰਜੀਵ ਅਰੋੜਾ ਨੂੰ ਦੇ ਦਿੱਤਾ ਗਿਆ ਏ।

--------------------------------------------------------------------------

ਅੱਜ ਸਵੇਰੇ ਜਲੰਧਰ ਦੇ ਮਕਸੂਦਾਂ ਨੇੜੇ ਵਾਪਰੇ ਇੱਕ ਸੜਕ ਹਾਦਸੇ ਵਿੱਚ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ। ਚਸ਼ਮਦੀਦਾਂ ਮੁਤਾਬਿਕ ਇੱਕ ਸਰਕਾਰੀ ਬੱਸ ਨੇ ਸਾਹਮਣੇ ਤੋਂ ਆ ਰਹੇ ਇੱਕ ਚੌਪਹੀਆ ਵਾਹਨ ਨੂੰ ਟੱਕਰ ਮਾਰ ਦਿੱਤੀ, ਜਿਸ ਵਿਚ ਸਵਾਰ ਤਿੰਨੇ ਵਿਅਕਤੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕ ਵਿਅਕਤੀ ਸਬਜ਼ੀ ਵੇਚਣ ਵਾਲੇ ਦੱਸੇ ਜਾ ਰਹੇ ਨੇ, ਜੋ ਕਪੂਰਥਲਾ ਤੋਂ ਜਲੰਧਰ ਵਾਪਸ ਆ ਰਹੇ ਸੀ। ਹਾਦਸੇ ਦਾ ਪਤਾ ਲਗਦਿਆਂ ਹੀ ਮ੍ਰਿਤਕਾਂ ਦੇ ਪਰਿਵਾਰਕ ਮੈਂਬਰ ਅਤੇ ਹੋਰ ਲੋਕ ਮੌਕੇ 'ਤੇ ਇਕੱਠੇ ਹੋ ਗਏ ਅਤੇ ਫਰਾਰ ਬੱਸ ਚਾਲਕ ਦੀ ਗ੍ਰਿਫ਼ਤਾਰੀ ਦੀ ਮੰਗ ਕਰਦੇ ਹੋਏ ਜਲੰਧਰ-ਕਪੂਰਥਲਾ ਸੜਕ 'ਤੇ ਧਰਨਾ ਲਾ ਦਿੱਤਾ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ।

-----------------------------------------------------------------------------

ਰਾਜ ਸਭਾ ਮੈਂਬਰਾਂ ਸੰਤ ਬਲਬੀਰ ਸਿੰਘ ਸੀਚੇਵਾਲ ਅਤੇ ਕ੍ਰਿਕਟ ਤੋਂ ਸਿਆਸਤ ਵਿਚ ਆਏ ਹਰਭਜਨ ਸਿੰਘ ਨੇ ਕਪੂਰਥਲਾ ਦੇ ਮੰਡ ਇਲਾਕੇ ਵਿਚਲੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ ਅਤੇ ਹੜ੍ਹ ਦੇ ਪਾਣੀ ਵਿੱਚ ਟਰੈਕਟਰ ਰਾਹੀਂ ਪ੍ਰਭਾਵਿਤ ਲੋਕਾਂ ਦੇ ਘਰਾਂ ਤੱਕ ਪਹੁੰਚੇ। ਗੱਲਬਾਤ

ਦੌਰਾਨ ਹਰਭਜਨ ਸਿੰਘ ਨੇ ਕਿਹਾ ਕਿ ਕਿਸਾਨਾਂ ਦੀ ਹਜ਼ਾਰਾਂ ਏਕੜ ਫਸਲ ਤਬਾਹ ਹੋਣ ਦੇ ਬਾਵਜੂਦ, ਉਨ੍ਹਾਂ ਦਾ ਮਨੋਬਲ ਨਹੀਂ ਟੁੱਟਿਆ ਤੇ ਉਨ੍ਹਾਂ ਦੇ ਹੌਸਲੇ ਪੂਰੀ ਤਰ੍ਹਾਂ ਮਜ਼ਬੂਤ ਨੇ। ਦੋਵਾਂ ਸੰਸਦ ਮੈਂਬਰਾਂ ਨੇ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਪਸ਼ੂਆਂ ਲਈ ਚਾਰਾ ਵੀ ਵੰਡਿਆ। ਉਨ੍ਹਾਂ ਨੇ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਉਹ ਇਸ ਮੁੱਦੇ ਨੂੰ ਕੇਂਦਰ ਅਤੇ ਪੰਜਾਬ ਸਰਕਾਰ ਸਾਹਮਣੇ ਗੰਭੀਰਤਾ ਨਾਲ ਉਠਾਉਣਗੇ । ਕਪੂਰਥਲਾ ਪ੍ਰਸ਼ਾਸਨ ਵੱਲੋਂ ਵੀ ਹੜ੍ਹ ਪ੍ਰਭਾਵਿਤਾਂ ਦੀ ਮਦਦ ਲਈ ਪੂਰੀ ਚੌਕਸੀ ਵਰਤੀ ਜਾ ਰਹੀ ਏ।

------------------------------------------------------------------------------

ਸਰਹੱਦ ਪਾਰੋਂ ਹੁੰਦੀ ਹਥਿਆਰਾਂ, ਗੋਲਾ ਬਾਰੂਦ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ 'ਤੇ ਆਪਣੀ ਕਾਰਵਾਈ ਜਾਰੀ ਰੱਖਦੇ ਹੋਏ, ਬੀ.ਐਸ.ਐਫ. ਦੇ ਜਵਾਨਾਂ ਨੇ ਪਿਛਲੇ ਦੋ ਦਿਨਾਂ ਦੌਰਾਨ ਅੰਮ੍ਰਿਤਸਰ ਅਤੇ ਤਰਨਤਾਰਨ ਨਾਲ ਲਗਦੀ ਕੌਮਾਂਤਰੀ ਸਰਹੱਦ ਤੋਂ 4 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ। ਇਨ੍ਹਾਂ ਤਸਕਰਾਂ ਦੇ ਕਬਜ਼ੇ ’ਚੋਂ 2 ਪਿਸਤੌਲ, 14 ਰੌਂਦ, 1 ਕਿੱਲੋ 700 ਗਰਾਮ ਤੋਂ ਵੱਧ ਹੈਰੋਇਨ, ਇਕ ਡਰੋਨ ਤੇ ਹੋਰ ਸਾਮਾਨ ਜ਼ਬਤ ਕੀਤਾ

ਗਿਆ ਏ। ਗ੍ਰਿਫ਼ਤਾਰ ਕੀਤੇ ਗਏ ਸਾਰੇ ਵਿਅਕਤੀ ਅੰਮ੍ਰਿਤਸਰ ਦੇ ਪਿੰਡ ਬਾਗੜੀਆਂ ਤੇ ਤਿਮੋਵਾਲ ਅਤੇ ਤਰਨਤਾਰਨ ਦੇ ਸਰਸੀ ਕਲਾਂ ਦੇ ਨੇ। ਅਗਲੇਰੀ ਜਾਂਚ ਲਈ ਸਾਰੇ ਤਸਕਰਾਂ ਨੂੰ ਪੰਜਾਬ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ ਏ।

---------------------------------------------------------------------------------

ਰੇਲਵੇ ਨੇ ਅੰਮ੍ਰਿਤਸਰ-ਤਿਰੂਵਨੰਤਪੁਰਮ ਹਫ਼ਤਾਵਾਰੀ ਐਕਸਪ੍ਰੈਸ ਟ੍ਰੇਨ ਦੀ ਸਮਾਂ-ਸਾਰਣੀ ਬਦਲ ਦਿੱਤੀ ਏ। ਰੇਲਵੇ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਹਫ਼ਤੇ ’ਚ ਇਕ ਵਾਰ ਚੱਲਣ ਵਾਲੀ ਅੰਮ੍ਰਿਤਸਰ - ਤਿਰੂਵਨੰਤਪੁਰਮ-ਅੰਮ੍ਰਿਤਸਰ ਐਕਸਪ੍ਰੈਸ, 21 ਅਕਤੂਬਰ ਤੋਂ ਗੈਰ-ਮੌਨਸੂਨ ਸਮਾਂ-ਸਾਰਣੀ ਅਨੁਸਾਰ ਚਲਾਈ ਜਾਵੇਗੀ। ਇਹ ਟ੍ਰੇਨ ਹੁਣ ਹਰ ਐਤਵਾਰ ਨੂੰ ਅੰਮ੍ਰਿਤਸਰ ਤੋਂ ਸਵੇਰੇ 5 ਵਜ ਕੇ 55 ਮਿੰਟ ’ਤੇ ਰਵਾਨਾ ਹੋਵੇਗੀ ਅਤੇ ਇੱਕ ਦਿਨ ਬਾਅਦ ਮੰਗਲਵਾਰ ਨੂੰ ਦੁਪਹਿਰ ਸਾਢੇ 12 ਵਜੇ ਤਿਰੂਵਨੰਤਪੁਰਮ ਉੱਤਰ ਪਹੁੰਚੇਗੀ। ਜਦੋਂ ਕਿ ਤਿਰੂਵਨੰਤਪੁਰਮ ਉੱਤਰ ਤੋਂ ਇਹ ਟ੍ਰੇਨ ਹਰ ਬੁੱਧਵਾਰ ਨੂੰ ਸਵੇਰੇ 9 ਵਜ ਕੇ 10 ਮਿੰਟ ’ਤੇ ਰਵਾਨਾ

ਹੋਵੇਗੀ ਅਤੇ ਇੱਕ ਦਿਨ ਬਾਅਦ ਸ਼ੁੱਕਰਵਾਰ ਨੂੰ ਦੁਪਹਿਰ  ਇਕ ਵਜ ਕੇ 50 ਮਿੰਟ ’ਤੇ ਅੰਮ੍ਰਿਤਸਰ ਪਹੁੰਚੇਗੀ।

---------------------------------------------------------------------------